# ਭਾਰਤ-ਚੀਨ ਸਰਹੱਦੀ ਮਾਮਲਿਆਂ 'ਤੇ ਸਲਾਹ-ਮਸ਼ਵਰੇ ਅਤੇ ਤਾਲਮੇਲ ਲਈ ਕਾਰਜ ਪ੍ਰਣਾਲੀ ਦੀ 29ਵੀਂ ਬੈਠਕ

ਮਾਰਚ 28, 2024

ਭਾਰਤ-ਚੀਨ ਸਰਹੱਦੀ ਮਾਮਲਿਆਂ 'ਤੇ ਸਲਾਹ-ਮਸ਼ਵਰੇ ਅਤੇ ਤਾਲਮੇਲ (ਡਬਲਯੂ.ਐਮ.ਸੀ.ਸੀ) ਵਾਸਤੇ ਕਾਰਜ ਪ੍ਰਣਾਲੀ ਦੀ 29ਵੀਂ ਮੀਟਿੰਗ 27 ਮਾਰਚ 2024 ਨੂੰ ਬੀਜਿੰਗ ਵਿੱਚ ਹੋਈ। ਵਿਦੇਸ਼ ਮੰਤਰਾਲੇ ਦੇ ਸੰਯੁਕਤ ਸਕੱਤਰ (ਪੂਰਬੀ ਏਸ਼ੀਆ) ਨੇ ਭਾਰਤੀ ਵਫ਼ਦ ਦੀ ਅਗਵਾਈ ਕੀਤੀ। ਚੀਨੀ ਵਫ਼ਦ ਦੀ ਅਗਵਾਈ ਚੀਨੀ ਵਿਦੇਸ਼ ਮੰਤਰਾਲੇ ਦੇ ਸੀਮਾ ਅਤੇ ਸਮੁੰਦਰੀ ਵਿਭਾਗ ਦੇ ਡਾਇਰੈਕਟਰ ਜਨਰਲ ਵਲੋਂ ਕੀਤੀ ਗਈ।

2. ਦੋਵੇਂ ਪੱਖਾਂ ਨੇ ਡੂੰਘਾਈ ਨਾਲ ਵਿਚਾਰਾਂ ਦਾ ਆਦਾਨ-ਪ੍ਰਦਾਨ ਕੀਤਾ ਕਿ ਕਿਵੇਂ ਭਾਰਤ-ਚੀਨ ਸਰਹੱਦੀ ਖੇਤਰਾਂ ਦੇ ਪੱਛਮੀ ਸੈਕਟਰ ਵਿੱਚ ਅਸਲ ਕੰਟਰੋਲ ਰੇਖਾ (ਐਲ.ਏ.ਸੀ.) ਦੇ ਨਾਲ-ਨਾਲ ਪੂਰੀ ਤਰ੍ਹਾਂ ਨਾਲ ਅਲਹਿਦਗੀ ਹਾਸਲ ਕੀਤੀ ਜਾਵੇ ਅਤੇ ਬਾਕੀ ਮੁੱਦਿਆਂ ਨੂੰ ਕਿਵੇਂ ਹੱਲ ਕੀਤਾ ਜਾਵੇ।

3. ਇਸ ਵਿਚਕਾਰ, ਦੋਵੇਂ ਪੱਖਾਂ ਨੇ ਕੂਟਨੀਤਕ ਅਤੇ ਫੌਜੀ ਚੈਨਲਾਂ ਰਾਹੀਂ ਨਿਯਮਤ ਸੰਪਰਕ ਬਣਾਈ ਰੱਖਣ ਅਤੇ ਮੌਜੂਦਾ ਦੁਵੱਲੇ ਸਮਝੌਤਿਆਂ ਅਤੇ ਪ੍ਰੋਟੋਕੋਲਾਂ ਦੇ ਹਿਸਾਬ ਨਾਲ ਸਰਹੱਦੀ ਖੇਤਰਾਂ ਵਿੱਚ ਜ਼ਮੀਨੀ ਅਮਨ ਅਤੇ ਸ਼ਾਂਤੀ ਨੂੰ ਬਰਕਰਾਰ ਰੱਖਣ ਦੀ ਜ਼ਰੂਰਤ 'ਤੇ ਸਹਿਮਤੀ ਪ੍ਰਗਟ ਕੀਤੀ।

**ਨਵੀਂ ਦਿੱਲੀ**

**ਮਾਰਚ 28, 2024**